Dispatch No. I/18849/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਜਿਲ੍ਹਾ ਮੈਜਿਸਟ੍ਰੇਟ ਵੱਲੋਂ ਕਿਸਾਨਾਂ ਨੂੰ ਕਣਕ ਦੀ ਕਟਾਈ ਹੋਣ ਉਪਰੰਤ ਤੂੜੀ ਬਣਾਉਣ ਦੀ ਖੁੱਲ੍ਹ

ਮਿਤੀ 16 ਅਪ੍ਰੈਲ ਨੂੰ ਤੂੜੀ ਬਣਾਉਣ ਤੇ ਲਾਈ ਪਾਬੰਦੀ ਨੂੰ ਵਾਪਸ ਲਿਆ

ਚਾਰੇ ਦੀ ਮੰਗ ਤੇ ਕਿਸਾਨ ਹਿੱਤਾਂ ਲਈ ਲਿਆ ਫੈਸਲਾ

ਫਰੀਦਕੋਟ 17 ਅਪ੍ਰੈਲ ( ) ਜਿਲ੍ਹਾ ਮੈਜਿਸਟ੍ਰੇਟ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਨੇ ਕੱਲ ਮਿਤੀ 16 ਅਪ੍ਰੈਲ 2020, ਆਪਣੇ ਹੁਕਮ ਨੰ: 339 ਰਾਹੀਂ ਜਿਲ੍ਹੇ ਵਿੱਚ ਕਿਸਾਨਾਂ ਨੂੰ ਕਣਕ ਦੀ ਵਾਢੀ ਹੋਣ ਉਪਰੰਤ 10 ਦਿਨ ਬਾਅਦ ਤੂੜੀ ਬਣਾਉਣ ਦੇ ਆਦੇਸ਼ ਜਾਰੀ ਕੀਤੇ ਸਨ, ਦੀ ਲਗਾਤਾਰਤਾ ਵਿੱਚ ਜਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਜਿਲ੍ਹੇ ਦੇ ਕਿਸਾਨਾਂ ਵੱਲੋਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ ਕਿ ਕਣਕ ਦਾ ਨਾੜ ਪੂਰੀ ਤਰ੍ਹਾਂ ਪੱਕ ਚੁੱਕਾ ਹੈ ਅਤੇ ਹੁਣ ਮੌਸਮ ਖਰਾਬ ਹੋਣ ਕਾਰਨ 10 ਦਿਨਾਂ ਬਾਅਦ ਤੂੜੀ ਬਣਾਉਣ ਕਾਰਨ ਕਿਸਾਨਾਂ ਨੂੰ ਕਈ ਤਰ੍ਹਾਂ ਦੀਆਂ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਤੂੜੀ ਪਸ਼ੂਆਂ ਦੀ ਪੌਸ਼ਟਿਕ ਖੁਰਾਕ ਹੋਣ ਕਾਰਨ, ਤੂੜੀ ਦੀ ਸੰਭਾਵਿਤ ਮੰਗ/ਡਿਮਾਂਗ ਹੈ। ਜਿਲ੍ਹਾ ਮੈਜਿਸਟ੍ਰੇਟ ਨੇ ਕਿਸਾਨਾਂ ਦੀ ਇਸ ਸਮੱਸਿਆ ਨੂੰ ਧਿਆਨ ਵਿੱਚ ਰੱਖਦਿਆਂ ਆਪਣੇ ਹੁਕਮ ਵਾਪਸ ਲੈਂਦਿਆਂ ਹੁਣ ਜਿਲ੍ਹੇ ਦੇ ਕਿਸਾਨਾਂ ਨੂੰ ਇਜ਼ਾਜਤ ਦਿੱਤੀ ਹੈ ਕਿ ਉਹ ਆਪਣੀ ਕਣਕ ਦੀ ਕਟਾਈ ਉਪਰੰਤ ਨਾੜ ਤੋਂ ਤੁਰੰਤ ਤੂੜੀ ਬਣਾ ਸਕਦੇ ਹਨ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਣਕ ਦੀ ਕਟਾਈ ਜਾਂ ਤੂੜੀ ਬਣਾਉਣ ਵੇਲੇ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਵੇਖਣ ਲਈ ਪੂਰੀ ਤਰ੍ਹਾਂ ਚੌਕਸ ਹੋਣ ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਵਾਪਰਨ ਤੋਂ ਰੋਕਿਆ ਜਾ ਸਕੇ।

Dispatch No. I/18860/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਜਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਆਮਦ ਜਾਰੀ-ਡਿਪਟੀ ਕਮਿਸ਼ਨਰ

ਕੱਲ ਸ਼ਾਮ ਤੱਕ ਜਿਲ੍ਹੇ ਵਿੱਚ ਹੋਈ 4576 ਮੀਟਰਕ ਟਨ ਕਣਕ ਦੀ ਖਰੀਦ

ਕਿਸਾਨਾਂ ਨੂੰ 19 ਅਪ੍ਰੈਲ ਤੱਕ 11 ਹਜ਼ਾਰ ਤੋਂ ਵੱਧ ਪਾਸ ਜਾਰੀ ਕੀਤੇ

ਫਰੀਦਕੋਟ 17 ਅਪ੍ਰੈਲ ( ) ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਵੱਲੋਂ ਕਣਕ ਦੀ ਖਰੀਦ ਲਈ 15 ਅਪ੍ਰੈਲ ਤੋਂ ਸ਼ੁਰੂ ਕਰਨ ਦੇ ਕੀਤੇ ਗਏ ਐਲਾਨ ਤੋਂ ਬਾਅਦ ਫਰੀਦਕੋਟ ਦੀਆਂ ਮੰਡੀਆਂ ਵਿੱਚ ਕਣਕ ਦੀ ਫਸਲ ਆਉਣੀ ਸ਼ੁਰੂ ਹੋ ਗਈ ਹੈ ਅਤੇ ਮੰਡੀ ਬੋਰਡ ਵੱਲੋਂ ਕੋਵਿਡ-19 ਮਹਾਂਮਾਰੀ ਤੋਂ ਬਚਾਅ ਅਤੇ ਇਸ ਨੂੰ ਅੱਗੇ ਵੱਧਣ ਤੋਂ ਰੋਕਣ ਲਈ ਮੰਡੀਆਂ ਵਿੱਚ ਵਿਸ਼ੇਸ਼ ਇੰਤਜਾਮ ਕੀਤੇ ਗਏ ਹਨ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਦਿੱਤੀ।

ਉਨ੍ਹਾਂ ਕਿਹਾ ਕਿ ਸਾਰੀਆਂ ਮੰਡੀਆਂ ਵਿੱਚ ਕਿਸਾਨਾਂ ਨੂੰ ਕਣਕ ਦੀ ਫਸਲ ਲਿਆਉਣ ਲਈ ਮੰਡੀ ਬੋਰਡ ਵੱਲੋਂ ਪਾਸ ਜਾਰੀ ਕੀਤੇ ਗਏ ਹਨ ਅਤੇ ਮੰਡੀਆਂ ਵਿੱਚ ਕਿਸਾਨਾਂ ਦੇ ਹੱਥ ਧੋਣ, ਫਸਲ ਲਿਆਉਣ, ਸਫਾਈ, ਵੇਚਣ ਤੋਂ ਇਲਾਵਾ ਛਾਂ ਅਤੇ ਰੋਸ਼ਨੀ ਦੇ ਵੀ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਕਿਸਾਨ, ਆੜ੍ਹਤੀਆਂ, ਲੇਬਰ ਅਤੇ ਖਰੀਦ ਏਜੰਸੀਆਂ ਨੂੰ ਮੰਡੀਆਂ ਵਿੱਚ ਸਮਾਜਿਕ ਦੂਰੀ ਬਣਾਈ ਰੱਖਣ ਦੇ ਵੀ ਵਿਸ਼ੇਸ਼ ਆਦੇਸ਼ ਜਾਰੀ ਕੀਤੇ ਗਏ ਹਨ, ਜਦਕਿ ਮੰਡੀਆਂ ਵਿੱਚ ਹਾਜ਼ਰ ਹਰੇਕ ਕਿਸਾਨ, ਆੜ੍ਹਤੀ, ਲੇਬਰ ਆਦਿ ਲਈ ਮਾਸਕ ਪਹਿਨਣਾ ਲਾਜ਼ਮੀ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਰੋਨਾ ਮਹਾਂਮਾਰੀ ਤੋਂ ਬਚਾਅ ਲਈ ਮੰਡੀਆਂ ਵਿੱਚ ਸਿਰਫ ਉਨ੍ਹਾਂ ਕਿਸਾਨਾਂ ਦੀ ਹੀ ਐਂਟਰੀ ਹੁੰਦੀ ਹੈ ਜਿੰਨਾਂ ਨੂੰ ਮੰਡੀ ਬੋਰਡ ਜਾਂ ਆੜ੍ਹਤੀ ਵੱਲੋਂ ਪਾਸ ਜਾਰੀ ਕੀਤੇ ਗਏ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਹੀ ਕਿਸਾਨ ਮੰਡੀ ਵਿੱਚ ਆਉਣ ਜਿੰਨਾਂ ਕੋਲ ਆੜ੍ਹਤੀ ਜਾਂ ਮੰਡੀ ਬੋਰਡ ਵੱਲੋਂ ਜਾਰੀ ਪਾਸ ਹੋਣ।

ਜਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀ ਜਸਪ੍ਰੀਤ ਸਿੰਘ ਕਾਹਲੋਂ ਨੇ ਦੱਸਿਆ ਕਿ ਜਿਲ੍ਹੇ ਦੀਆਂ ਮੰਡੀਆਂ ਵਿੱਚ ਕੱਲ ਸ਼ਾਮ ਤੱਕ 6270 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿਚੋਂ ਖਰੀਦ ਏਜੰਸੀਆਂ ਅਤੇ ਮਿੱਲਰਾ ਵੱਲੋਂ 4576 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਕੱਲ ਸ਼ਾਮ ਤੱਕ ਜਿਲ੍ਹੇ ਵਿੱਚ ਕੁੱਲ 154 ਕਿਸਾਨ ਕੂਪਨ ਰਾਹੀਂ ਆਪਣੀ ਫਸਲ ਲਿਆਏ ਸਨ, ਜਿਸ ਦੀ ਖਰੀਦ ਏਜੰਸੀਆਂ ਵੱਲੋਂ ਖਰੀਦ ਕੀਤੀ ਗਈ ਹੈ।

ਜਿਲ੍ਹਾ ਡਿਪਟੀ ਮੰਡੀ ਅਫਸਰ ਸ੍ਰੀ ਗੌਰਵ ਗਰਗ ਨੇ ਦੱਸਿਆ ਕਿ ਮਿਤੀ 15 ਅਪ੍ਰੈਲ ਲਈ 230 ਪਾਸ, ਮਿਤੀ 16 ਅਪ੍ਰੈਲ ਲਈ 2390 ਪਾਸ, ਮਿਤੀ 17 ਅਪ੍ਰੈਲ ਲਈ 2885 ਪਾਸ, ਮਿਤੀ 18 ਅਪ੍ਰੈਲ ਲਈ 2870 ਪਾਸ ਅਤੇ ਮਿਤੀ 19 ਅਪ੍ਰੈਲ ਲਈ 2815 ਪਾਸ ਜਾਰੀ ਕੀਤੇ ਗਏ ਹਨ।ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਇਹ ਪਾਸ ਦੋ ਦਿਨ ਪਹਿਲਾਂ ਤੋਂ ਹੀ ਆੜ੍ਹਤੀਆਂ ਰਾਹੀਂ ਪਹੁੰਚਾ ਦਿੱਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਕਿਸਾਨ ਮੰਡੀ ਵਿੱਚ ਸੁੱਕੀ ਕਣਕ ਹੀ ਲੈ ਕੇ ਆਉਣ ਅਤੇ ਆਪਣੇ ਪਾਸ ਸਮੇਤ ਆਉਣ। ਉਨ੍ਹਾਂ ਕਿਸਾਨਾਂ, ਆੜ੍ਹਤੀਆਂ, ਲੇਬਰ ਨੂੰ ਸਮਾਜਿਕ ਦੂਰੀ ਬਣਾਈ ਰੱਖਣ ਅਤੇ ਮਾਸਕ ਪਾ ਕੇ ਰੱਖਣ ਦੀ ਅਪੀਲ ਕੀਤੀ।

Dispatch No. I/18851/2020

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਨਗਰ ਕੌਂਸਲ ਵੱਲੋਂ ਪੁਲਿਸ ਨਾਕਿਆਂ ਤੇ ਹੋਰ ਥਾਵਾਂ ਤੇ ਫੋਗਿੰਗ ਸਪਰੇਅ ਕਰਵਾਈ ਗਈ

ਫਰੀਦਕੋਟ 17 ਅਪ੍ਰੈਲ,2020 ( ) ਨਗਰ ਕੌਂਸਲ ਦੀ ਵਿਸ਼ੇਸ਼ ਟੀਮ ਵੱਲੋਂ ਕਰੋਨਾ ਬਿਮਾਰੀ ਨੂੰ ਵਧਣ ਤੋਂ ਰੋਕਣ ਲਈ ਅਤੇ ਸ਼ਹਿਰ ਦੀ ਸਫਾਈ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ ਅਤੇ ਕੌਂਸਲ ਦੀਆਂ ਟੀਮਾਂ ਵੱਲੋਂ ਜਿਥੇ ਸ਼ਹਿਰ ਦੇ ਵੱਖ ਵੱਖ ਵਾਰਡਾਂ ਨੂੰ ਸੈਨੇਟਾਈਜ਼ ਕਰਨ ਲਈ ਸਪਰੇਅ ਕੀਤੀ ਜਾ ਰਹੀ ਹੈ ਉਥੇ ਹੀ ਬੀਤੀ ਸ਼ਾਮ ਪੁਲਿਸ ਵਿਭਾਗ ਦੀ ਮੰਗ ਤੇ ਪੁਲਿਸ ਵੱਲੋਂ ਸ਼ਹਿਰ ਵਿਚ ਵੱਖ ਵੱਖ ਥਾਵਾਂ ਲਗਾਏ ਗਏ ਨਾਕਿਆਂ, ਟੈਂਟਾਂ ਵਾਲੀ ਥਾਂ ਤੇ ਮੱਛਰ ਦੇ ਖਾਤਮੇ ਲਈ ਫੋਗਿੰਗ ਸਪਰੇਅ ਕਰਵਾਈ ਗਈ।

ਸੈਨਟਰੀ ਇੰਸਪੈਕਟਰ ਸ਼ਵਿੰਦਰ ਸਿੰਘ ਭੁੱਲਰ ਨੇ ਦੱਸਿਆ ਕਿ ਨਗਰ ਕੌਂਸਲ ਦੀਆਂ ਵੱਖ ਵੱਖ ਟੀਮਾਂ ਵੱਲੋਂ ਸਮੁੱਚੇ ਸ਼ਹਿਰ ਵਿਚ ਮੁੱਖ ਸਥਾਨਾਂ ਅਤੇ ਪੁਲਿਸ ਨਾਕਿਆਂ ਵਾਲੀਆਂ ਥਾਵਾਂ ਤੇ ਫੋਗਿੰਗ ਸਪਰੇਅ ਕਰਵਾਈ ਗਈ ਤਾਂ ਜ਼ੋ ਪੁਲਿਸ ਦੇ ਜਵਾਨਾਂ, ਅਧਿਕਾਰੀਆਂ ਨੂੰ ਆਪਣੀ ਡਿਊਟੀ ਸਮੇਂ ਮੱਛਰਾਂ ਆਦਿ ਤੋਂ ਕਿਸੇ ਤਰ੍ਹਾਂ ਦੀ ਦਿੱਕਤ ਪੇਸ਼ ਨਾ ਆਵੇ। ਉਨ੍ਹਾਂ ਇਹ ਵੀ ਦੱਸਿਆ ਕਿ ਕੌਂਸਿਲ ਦੀਆਂ ਟੀਮਾਂ ਵੱਲੋਂ ਸਪਰੇਅ ਦੁਆਰਾ ਪੂਰੇ ਸ਼ਹਿਰ ਦੇ ਵਾਰਡਾਂ, ਸਰਕਾਰੀ ਦਫਤਰਾਂ ਅਤੇ ਹੋਰ ਜਨਤਕ ਥਾਵਾਂ ਨੂੰ ਦੋ ਵਾਰ ਸੈਨੇਟਾਈਜ਼ ਕੀਤਾ ਜਾ ਚੁੱਕਾ ਹੈ ਅਤੇ ਇਹ ਪ੍ਰਕਿਰਿਆ ਲਗਾਤਾਰ ਜਾਰੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਰਫਿਊ ਦੇ ਨਿਯਮਾਂ ਦੀ ਪਾਲਣਾ ਕਰਨ ਤੇ ਆਪਣੇ ਘਰਾਂ ਵਿਚ ਹੀ ਰਹਿਣ ਤਾਂ ਜ਼ੋ ਕਰੋਨਾ ਬਿਮਾਰੀ ਨੂੰ ਅੱਗੇ ਵਧਣ ਤੋਂ ਰੋਕਿਆ ਜਾ ਸਕੇ।